ਹੁਕਮ

764-EM

ਮੇਰੇ ਧਿਆਨ ਵਿੱਚ ਆਇਆ ਹੈ ਕਿ ਪੁਲਿਸ ਕਮਿਸ਼ਨਰੇਟ ਲੁਧਿਆਣਾ ਦੇ ਇਲਾਕਾ ਅੰਦਰ ਬਣੀਆ ਗੱਡੀਆ ਦੀ ਪਾਰਕਿੰਗ ਵਿੱਚ ਅਪਰਾਧਿਕ ਵਿਅਕਤੀਆ ਦੁਆਰਾ ਦੋ ਪਹੀਆ ਜਾ ਚਾਰ ਪਹੀਆ ਗੱਡੀਆ ਆਦਿ ਨੂੰ ਵੱਖ-ਵੱਖ ਥਾਵਾ ਤੇ ਚੋਰੀ ਕਰਕੇ ਖੜਾ ਕਰ ਦਿੱਤਾ ਜਾਦਾ ਹੈ ਅਤੇ ਸਮਾ ਪਾ ਕਰ ਇੰਨਾ ਚੋਰੀ ਦੀਆ ਗੱਡੀਆ ਨੂੰ ਇਥੋ ਚੁਕ ਕੇ ਅੱਗੇ ਵੇਚ ਦਿੱਤਾ ਜਾਦਾ ਹੈ। ਇਸ ਤੋ ਇਲਾਵਾ ਇੰਨਾ ਚੋਰੀ ਦੀਆ ਗੱਡੀਆ ਨੂੰ ਇਹਨਾ ਅਪਰਾਧਿਕ ਵਿਅਕਤੀਆ ਵੱਲੋ ਸੰਗੀਨ ਜੁਰਮਾ ਦੀਆ ਵਾਰਦਾਤਾ ਸਮੇ ਵਰਤੋ ਵਿੱਚ ਲਿਆਉਣ ਦਾ ਖਤਰਾ ਬਣਿਆ ਰਹਿੰਦਾ ਹੈ, ਜਿਸ ਨਾਲ ਆਮ ਜਨਤਾ ਦੀ ਜਾਨ ਮਾਲ ਨੂੰ ਖਤਰਾ ਪੈਦਾ ਹੋਣ ਦਾ ਡਰ ਰਹਿੰਦਾ ਹੈ।

ਇਸ ਲਈ ਮੈ, ਰੁਪਿੰਦਰ ਸਿੰਘ, ਪੀ.ਪੀ.ਐਸ, ਡਿਪਟੀ ਕਮਿਸ਼ਨਰ ਪੁਲਿਸ, ਸਥਾਨਕ, ਲੁਧਿਆਣਾ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰ:-2) ਦੀ ਧਾਰਾ 144 ਅਧੀਨ ਸੌਂਪੇ ਗਏ ਅਧਿਕਾਰਾਂ ਦੀ ਵਰਤੋ ਕਰਦਾ ਹੋਇਆ ਲੁਧਿਆਣਾ ਸ਼ਹਿਰ ਦੇ ਅੰਦਰ ਪਾਰਕਿੰਗ ਦੇ ਠੇਕੇਦਾਰ ਜਾ ਕੇਅਰ ਟੇਕਰ ਨੂੰ ਹੁੱਕਮ ਜਾਰੀ ਕਰਦਾ ਹਾਂ ਕਿ ਜਿਹੜੇ ਵਿਅਕਤੀ ਪਾਰਕਿੰਗ ਵਿੱਚ ਆਪਣੀ ਗੱਡੀ ਜਾ ਮੋਟਰ ਸਾਈਕਲ ਆਦਿ ਖੜਾ ਕਰਦਾ ਹੈ ਤਾ ਉਸਦਾ ਨਾਮ ਪੱਤਾ ਮੋਬਾਇਲ ਨੰਬਰ ਸਬੰਧੀ ਰਿਕਾਰਡ ਰੱਖਣ ਦੇ ਜਿੰਮੇਵਾਰ ਹੋਣਗੇ ਇਸਤੋ ਇਲਾਵਾ ਜੇਕਰ ਕੋਈ ਗੱਡੀ ਮੋਟਰ ਸਾਈਕਲ ਆਦਿ ਇੱਕ ਹਫਤੇ ਤੋ ਉਪਰ ਪਾਰਕਿੰਗ ਵਿੱਚ ਲਗਾਤਾਰ ਖੜੀ ਰਹਿੰਦੀ ਤਾ ਉਸਦੀ ਲਿਖਤੀ ਤੋਰ ਤੇ ਨੇੜੇ ਦੀ ਪੁਲਿਸ ਚੋਕੀ ਜਾਂ ਥਾਣਾ ਵਿੱਚ ਇਤਲਾਹ ਦੇਣ ਦੇ ਜਿਮੇਵਾਰ ਹੋਣਗੇ। ਇਹ ਹੁੱਕਮ ਤੁਰੰਤ ਲਾਗੂ ਹੋਵੇਗਾ ਅਤੇ ਜਾਰੀ ਹੋਣ ਦੀ ਮਿਤੀ ਤੋਂ ਦੋ ਮਹੀਨੇ ਤੱਕ ਲਾਗੂ ਰਹੇਗਾ।

ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਪਬਲਿਕ ਦੇ ਨਾਮ ਜਾਰੀ ਕੀਤਾ ਜਾਦਾ ਹੈ ਅਤੇ ਜਿਲਾ ਲੋਕ ਸੰਪਰਕ ਵਿਭਾਗ ਲੁਧਿਆਣਾ ਦੇ ਵਹੀਕਲ ਰਾਹੀ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਵੇਗਾ।

ਇਹ ਹੁਕਮ ਅੱਜ ਮਿਤੀ 19/12/23 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਅਧੀਨ ਜਾਰੀ ਹੋਇਆ।

ਰੁਪਿੰਦਰ ਸਿੰਘ, ਪੀ.ਪੀ.ਐਸ,
ਡਿਪਟੀ ਕਮਿਸ਼ਨਰ ਪੁਲਿਸ,
ਸਥਾਨਕ, ਲੁਧਿਆਣਾ।

ਨੰਬਰ 165317-400 /ਏਸੀ-3 ਮਿਤੀ 19/12/2023

ਉਤਾਰਾ

1. ਡਿਪਟੀ ਕਮਿਸ਼ਨਰ, ਲੁਧਿਆਣਾ,
2. ਕਮਿਸ਼ਨਰ, ਨਗਰ ਨਿਗਮ, ਲੁਧਿਆਣਾ,
3. ਜਿਲ੍ਹਾ ਲੋਕ ਸੰਪਰਕ ਅਫਸਰ ਲੁਧਿਆਣਾ ਅਤੇ ਸਮੂਹ ਪ੍ਰੈਸ,
4. ਸਮੂਹ ਨਿਗਰਾਨ ਅਫਸਰ, ਮੁੱਖ ਅਫਸਰ ਥਾਣਾ ਜਾਤ, ਇੰਚਾਰਜ ਚੌਕੀਆਂ ਅਤੇ ਇੰਚਾਰਜ ਕੰਟਰੋਲ ਰੂਮ ਲੁਧਿਆਣਾਂ ਅਤੇ ਇੰਚਾਰਜ ਪ੍ਰੈਸ ਸੈਲ ਲੁਧਿਆਣਾ।
-ਪਾਸ ਸੂਚਨਾ ਅਤੇ ਲੋੜੀਦੀ ਕਾਰਵਾਈ ਹਿੱਤ।
5. ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਟਰੈਫਿਕ, ਲੁਧਿਆਣਾ, ਸਹਾਇਕ ਕਮਿਸ਼ਨਰ ਪੁਲਿਸ, ਟਰੈਫਿਕ ਅਤੇ ਇੰਚਾਰਜ ਸਿਟੀ ਟਰੈਫਿਕ, ਲੁਧਿਆਣਾ ਪਾਸ ਇਹਨਾਂ ਹੁੱਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਹਿੱਤ।

ਰੁਪਿੰਦਰ ਸਿੰਘ, ਪੀ.ਪੀ.ਐਸ,
ਡਿਪਟੀ ਕਮਿਸ਼ਨਰ ਪੁਲਿਸ,
ਸਥਾਨਕ, ਲੁਧਿਆਣਾ।

ਡਿਪਟੀ ਕਮਿਸ਼ਨਰ ਪੁਲਿਸ,
(ਸਥਾਨਕ), ਲੁਧਿਆਣਾ